# PUNJAB VIDHAN SABHA

**Debates**

*Friday, the 2nd August, 2019*

**Vol. VIII- No. 1**

OFFICIAL REPORT

CONTENTS


| | Page |
|---|---|
| Obituary References | (1) 1 |


**Punjab Vidhan Sabha Secretariat, Chandigarh**

Price : Rs._________.

## PUNJAB VIDHAN SABHA

*Friday, the 2nd August, 2019*

*The Vidhan Sabha met in the Punjab Vidhan Sabha Hall, Vidhan Bhavan, Sector-1, Chandigarh at 2.00 P.M. Mr. Speaker (Rana Kanwar Pal Singh) in the Chair.*

------

## OBITUARY REFERENCES

**ਮਾਨਯੋਗ ਸਪੀਕਰ :** ਪੰਜਾਬ ਵਿਧਾਨ ਸਭਾ ਦੇ ਪਿਛਲੇ ਸਮਾਗਮ ਤੋਂ ਅੱਜ ਤੱਕ ਦੇ ਸਮੇਂ ਦੌਰਾਨ ਕਈ ਸਤਿਕਾਰਯੋਗ ਸ਼ਖਸੀਅਤਾਂ ਸਾਡੇ ਤੋਂ ਵਿਛੜ ਗਈਆਂ ਹਨ। ਅੱਜ ਅਸੀਂ ਉਨ੍ਹਾਂ ਨੂੰ ਸ਼ਰਧਾਂਜਲੀ ਦੇਣ ਲਈ ਇਕੱਤਰ ਹੋਏ ਹਾਂ।

ਕੁਝ ਅਜਿਹੀਆਂ ਹੀ ਸ਼ਖਸੀਅਤਾਂ, ਜੋ ਆਪਣੇ ਜੀਵਨ ਨੂੰ ਕੌਮ ਦੇ ਲੇਖੇ ਲਗਾ ਕੇ, ਸਮਾਜ ਅਤੇ ਦੇਸ਼ ਦੀ ਸੇਵਾ ਵਿੱਚ ਵੱਡਮੁੱਲਾ ਯੋਗਦਾਨ ਪਾਉਂਦੇ ਹੋਏ ਸਾਨੂੰ ਸਦੀਵੀ ਵਿਛੋੜਾ ਦੇ ਗਈਆਂ ਹਨ, ਆਓ, ਉਨ੍ਹਾਂ ਨੂੰ ਦਿਲ ਦੀਆਂ ਗਹਿਰਾਈਆਂ ਤੋਂ ਆਪਣੀ ਸ਼ਰਧਾਂਜਲੀ ਭੇਟ ਕਰੀਏ।

ਸ਼੍ਰੀਮਤੀ ਸ਼ੀਲਾ ਦੀਕਸ਼ਤ, ਸਾਬਕਾ ਮੁੱਖ ਮੰਤਰੀ, ਦਿੱਲੀ ਸਾਨੂੰ ਮਿਤੀ 20 ਜੁਲਾਈ, 2019 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 31 ਮਾਰਚ, 1938 ਨੂੰ ਜ਼ਿਲ੍ਹਾ ਕਪੂਰਥਲਾ ਵਿਚ ਹੋਇਆ ਸੀ। ਉਹ ਸਾਲ 1984 ਤੋਂ 1989 ਤੱਕ ਹਲਕਾ ਕਨੌਜ ਤੋਂ ਮੈਂਬਰ ਪਾਰਲੀਮੈਂਟ ਰਹੇ। ਉਹ ਸਾਲ 1998 ਤੋਂ 2013 ਤੱਕ ਲਗਾਤਾਰ 15 ਸਾਲ ਦਿੱਲੀ ਦੇ ਮੁੱਖ ਮੰਤਰੀ ਵੀ ਰਹੇ। ਉਹ 11 ਮਾਰਚ, 2014 ਤੋਂ 25 ਅਗਸਤ, 2014 ਤੱਕ ਕੇਰਲਾ ਸਟੇਟ ਦੇ ਗਵਰਨਰ ਵੀ ਰਹੇ। ਉਹ ਦਿੱਲੀ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਵੀ ਰਹੇ।

ਸ਼੍ਰੀ ਵਰਿੰਦਰ ਕਟਾਰੀਆ, ਸਾਬਕਾ ਮੈਂਬਰ ਪਾਰਲੀਮੈਂਟ (ਰਾਜ ਸਭਾ) ਵੀ ਸਾਨੂੰ ਮਿਤੀ 5 ਮਾਰਚ, 2019 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 20 ਅਪ੍ਰੈਲ, 1931 ਨੂੰ ਅਬੋਹਰ ਵਿਖੇ ਹੋਇਆ ਸੀ। ਉਨ੍ਹਾਂ ਨੇ ਵਿਦਿਆਰਥੀ ਜੀਵਨ ਵਿੱਚ ਅਜ਼ਾਦੀ ਸੰਘਰਸ਼ ਵਿੱਚ ਆਪਣਾ ਯੋਗਦਾਨ ਪਾਉਂਦੇ ਹੋਏ ਲਾਹੌਰ ਵਿਖੇ ਆਈ.ਐਨ.ਏ. ਅੰਦੋਲਨ ਵਿੱਚ ਭਾਗ ਲਿਆ, ਜਿਸ ਦੌਰਾਨ ਉਹ ਲਾਠੀਚਾਰਜ ਦਾ ਸ਼ਿਕਾਰ ਹੋਏ ਅਤੇ ਉਨ੍ਹਾਂ ਨੇ ਜੇਲ੍ਹ ਯਾਤਰਾ ਵੀ ਕੀਤੀ। ਉਹ 1945 ਵਿੱਚ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋਏ ਅਤੇ ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਵੀ ਰਹੇ। ਉਹ ਸਾਲ 1990 ਤੋਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ ਬਣੇ ਅਤੇ ਬਾਅਦ ਵਿੱਚ ਪੰਜਾਬ ਪ੍ਰਦੇਸ ਕਾਂਗਰਸ ਕਮੇਟੀ ਦੇ ਪ੍ਰਧਾਨ ਵੀ ਰਹੇ। ਉਹ ਸਾਲ 1992 ਤੋਂ 1998 ਤੱਕ ਰਾਜ ਸਭਾ ਦੇ ਮੈਂਬਰ ਰਹੇ ਅਤੇ ਜੁਲਾਈ, 2013 ਤੋਂ ਜੁਲਾਈ, 2014

[ ਮਾਨਯੋਗ ਸਪੀਕਰ ]

ਤੱਕ ਪੁਡੂਚੇਰੀ ਦੇ ਲੈਫਟੀਨੈਂਟ ਗਵਰਨਰ ਵੀ ਰਹੇ।

ਸਰਦਾਰ ਕਿੱਕਰ ਸਿੰਘ, ਸਾਬਕਾ ਮੈਂਬਰ, ਪਾਰਲੀਮੈਂਟ ਵੀ ਸਾਨੂੰ ਮਿਤੀ 3 ਜੂਨ, 2019 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ 26 ਅਗਸਤ, 1939 ਨੂੰ ਪਿੰਡ ਗੋਵਿੰਦਗੜ੍ਹ, ਜ਼ਿਲ੍ਹਾ ਫਿਰੋਜ਼ਪੁਰ ਵਿਖੇ ਹੋਇਆ ਸੀ। ਉਹ ਸਾਲ 1967 ਵਿੱਚ ਸੰਸਦੀ ਹਲਕਾ ਬਠਿੰਡਾ ਤੋਂ ਸੰਸਦ ਮੈਂਬਰ ਚੁਣੇ ਗਏ। ਉਹ ਇਕ ਉੱਘੇ ਸਮਾਜ ਸੇਵਕ ਸਨ।

ਸਰਦਾਰ ਹਮੀਰ ਸਿੰਘ ਘੱਗਾ, ਸਾਬਕਾ ਮੰਤਰੀ, ਪੰਜਾਬ ਵੀ ਸਾਨੂੰ ਮਿਤੀ 22 ਅਪ੍ਰੈਲ, 2019 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ 15 ਅਪ੍ਰੈਲ, 1954 ਨੂੰ ਪਿੰਡ ਘੱਗਾ, ਜ਼ਿਲ੍ਹਾ ਪਟਿਆਲਾ ਵਿਖੇ ਹੋਇਆ ਸੀ। ਉਹ 1992 ਵਿੱਚ ਹਲਕਾ ਸ਼ੁਤਰਾਣਾ ਤੋਂ ਪੰਜਾਬ ਵਿਧਾਨ ਸਭਾ ਦੇ ਮੈਂਬਰ ਚੁਣੇ ਗਏ । ਉਨ੍ਹਾਂ ਵਲੋਂ ਸਾਲ 1995 ਤੋਂ 1997 ਤੱਕ ਪੰਜਾਬ ਸਰਕਾਰ ਵਿੱਚ ਰਾਜ ਮੰਤਰੀ ਵਜੋਂ ਵੀ ਸੇਵਾ ਨਿਭਾਈ ਗਈ।

ਚੌਧਰੀ ਨੰਦ ਲਾਲ, ਸਾਬਕਾ ਮੁੱਖ ਸੰਸਦੀ ਸਕੱਤਰ ਅਤੇ ਇਸ ਅਜ਼ੀਮ ਸਦਨ ਦੇ ਸਾਬਕਾ ਮੈਂਬਰ ਵੀ ਸਾਨੂੰ ਮਿਤੀ 14 ਅਪ੍ਰੈਲ, 2019 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ 10 ਅਕਤੂਬਰ, 1946 ਨੂੰ ਪਿੰਡ ਕਰੀਮਪੁਰ ਧਿਆਨੀ, ਤਹਿਸੀਲ ਬਲਾਚੌਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਹੋਇਆ ਸੀ। ਉਹ ਸਾਲ 1997 ਤੋਂ 2017 ਤੱਕ ਹਲਕਾ ਬਲਾਚੌਰ ਤੋਂ ਚਾਰ ਵਾਰ ਪੰਜਾਬ ਵਿਧਾਨ ਸਭਾ ਦੇ ਮੈਂਬਰ ਰਹੇ। ਉਨ੍ਹਾਂ ਨੇ ਪੰਜਾਬ ਸਰਕਾਰ ਦੇ ਮੁੱਖ ਸੰਸਦੀ ਸਕੱਤਰ ਵਜੋਂ ਵੀ ਸੇਵਾ ਨਿਭਾਈ। ਇਸ ਤੋਂ ਇਲਾਵਾ ਉਹ ਮਹਾਰਾਜਾ ਭੂਰੀਵਾਲਾ ਗਰੀਬਦਾਸ ਐਜੂਕੇਸ਼ਨ ਟਰੱਸਟ ਦੇ ਸੀਨੀਅਰ ਵਾਈਸ ਪ੍ਰੈਜ਼ੀਡੈਂਟ ਵੀ ਰਹੇ ਅਤੇ ਉਨ੍ਹਾਂ ਨੇ ਕਮਜ਼ੋਰ ਵਰਗਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਕੰਮ ਕੀਤਾ।

ਸ਼੍ਰੀਮਤੀ ਸਨੇਹ ਲਤਾ, ਸਾਬਕਾ ਮੈਂਬਰ, ਪੰਜਾਬ ਵਿਧਾਨ ਪ੍ਰੀਸ਼ਦ ਵੀ ਸਾਨੂੰ ਮਿਤੀ 29 ਮਾਰਚ, 2019 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 11 ਜੂਨ, 1921 ਨੂੰ ਲਾਹੌਰ (ਪਾਕਿਸਤਾਨ) ਵਿਖੇ ਹੋਇਆ ਸੀ। ਉਹ 1957 ਤੋਂ 1962 ਤੱਕ ਸਾਂਝੇ ਪੰਜਾਬ ਦੀ ਵਿਧਾਨ ਸਭਾ ਦੇ ਮੈਂਬਰ ਰਹੇ ਅਤੇ 1962 ਵਿੱਚ ਪੰਜਾਬ ਵਿਧਾਨ ਪ੍ਰੀਸ਼ਦ ਦੇ ਮੈਂਬਰ ਬਣੇ। ਇਸ ਉਪਰੰਤ ਸਾਲ 1967 ਵਿੱਚ ਹਰਿਆਣਾ ਵਿਧਾਨ ਸਭਾ ਦੇ ਮੈਂਬਰ ਵਜੋਂ ਚੁਣੇ ਗਏ। ਇਸ ਉਪਰੰਤ ਉਨ੍ਹਾਂ ਨੇ ਆਪਣਾ ਜੀਵਨ ਸਮਾਜ ਸੇਵਾ ਨੂੰ ਸਮਰਪਿਤ ਕਰ ਦਿੱਤਾ ਅਤੇ ਹਿਸਾਰ ਵਿਖੇ ਇਕ ਹਸਪਤਾਲ ਸ਼ੁਰੂ ਕੀਤਾ।

ਕਾਮਰੇਡ ਬਲਵੰਤ ਸਿੰਘ, ਸਾਬਕਾ ਐਮ.ਐਲ.ਏ. ਵੀ ਸਾਨੂੰ ਮਿਤੀ 21 ਮਾਰਚ, 2019 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 2 ਫਰਵਰੀ, 1942 ਨੂੰ ਪਿੰਡ ਹਾਸ਼ਮਪੁਰ, ਤਹਿਸੀਲ ਰਾਜਪੁਰਾ, ਜ਼ਿਲ੍ਹਾ ਪਟਿਆਲਾ ਵਿਖੇ ਹੋਇਆ। ਉਹ

ਸੀ.ਪੀ.ਆਈ.(ਐਮ) ਦੇ ਮੈਂਬਰ ਅਤੇ ਸੂਬਾ ਸਕੱਤਰ ਰਹੇ । ਉਨ੍ਹਾਂ ਨੇ ਮਜ਼ਦੂਰ ਲਹਿਰ ਨੂੰ ਉਸਾਰਨ ਵਿੱਚ ਵੱਡੀ ਭੂਮਿਕਾ ਨਿਭਾਈ। ਉਹ ਸਾਲ 1980 ਵਿੱਚ ਹਲਕਾ ਰਾਜਪੁਰਾ ਤੋਂ ਪੰਜਾਬ ਵਿਧਾਨ ਸਭਾ ਦੇ ਮੈਂਬਰ ਚੁਣੇ ਗਏ। ਉਹ ਪੰਜਾਬ ਰਾਜ ਸਹਿਕਾਰੀ ਲੈਂਡ ਮਾਰਟਗੇਜ਼ ਬੈਂਕ ਦੇ ਡਾਇਰੈਕਟਰ ਵੀ ਰਹੇ। ਇਸ ਤੋਂ ਇਲਾਵਾ ਉਨ੍ਹਾਂ ਨੇ ਪੰਚਾਇਤ ਸੰਮਤੀ ਦੇ ਮੈਂਬਰ ਵਜੋਂ ਵੀ ਸੇਵਾ ਨਿਭਾਈ। ਉਨ੍ਹਾਂ ਨੇ ਆਲ ਇੰਡੀਆ ਸੀ.ਪੀ.ਆਈ.(ਐਮ) ਕਾਂਗਰਸ ਅਤੇ ਆਲ ਇੰਡੀਆ ਸੈਂਟਰ ਆਫ ਇੰਡੀਅਨ ਟਰੇਡ ਯੂਨੀਅਨ ਕਾਨਫਰੰਸਾਂ ਵਿੱਚ ਵੀ ਭਾਗ ਲਿਆ।

ਸਰਦਾਰ ਪਰਮਜੀਤ ਸਿੰਘ, ਸਾਬਕਾ ਐਮ.ਐਲ.ਏ. ਵੀ ਸਾਨੂੰ ਮਿਤੀ 17 ਮਾਰਚ, 2019 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 12 ਸਤੰਬਰ, 1936 ਨੂੰ ਪਿੰਡ ਕਟਲਾਭ ਸਿੰਘ, ਰਿਆਸਤ ਬਹਾਵਲਪੁਰ (ਪਾਕਿਸਤਾਨ) ਵਿਖੇ ਹੋਇਆ ਸੀ। ਉਹ ਫਰਵਰੀ, 1997 ਵਿੱਚ ਹਲਕਾ ਗੁਰੂ ਹਰਸਹਾਏ ਤੋਂ ਪੰਜਾਬ ਵਿਧਾਨ ਸਭਾ ਦੇ ਮੈਂਬਰ ਚੁਣੇ ਗਏ। ਉਨ੍ਹਾਂ ਨੇ ਜ਼ਿਲ੍ਹਾ ਯੋਜਨਾਬੰਦੀ ਬੋਰਡ ਅਤੇ ਰਾਜ ਯੋਜਨਾਬੰਦੀ ਬੋਰਡ, ਪੰਜਾਬ ਵਿੱਚ ਮੈਂਬਰ ਵਜੋਂ ਸੇਵਾ ਨਿਭਾਈ। ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਵੀ ਰਹੇ। ਉਨ੍ਹਾਂ ਨੇ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਵਿੱਚ ਵੀ ਆਪਣੀਆਂ ਸੇਵਾਵਾਂ ਦਿੱਤੀਆਂ।

ਸਰਦਾਰ ਕਰਨੈਲ ਸਿੰਘ ਡੋਡ, ਸਾਬਕਾ ਐਮ.ਐਲ.ਏ. ਵੀ ਸਾਨੂੰ ਮਿਤੀ 21 ਅਪ੍ਰੈਲ, 2019 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ 28 ਮਾਰਚ, 1926 ਨੂੰ ਪਿੰਡ ਸਰਾਵਾਂ, ਜ਼ਿਲ੍ਹਾ ਫਰੀਦਕੋਟ ਵਿਖੇ ਹੋਇਆ ਸੀ। ਉਹ ਸਾਲ 1985 ਵਿੱਚ ਫਰੀਦਕੋਟ ਵਿਧਾਨ ਸਭਾ ਹਲਕੇ ਤੋਂ ਚੋਣ ਜਿੱਤ ਕੇ ਵਿਧਾਇਕ ਬਣੇ। ਉਹ ਸਿੱਖ ਸਟੂਡੈਂਟਸ ਫੈਡਰੇਸ਼ਨ, ਫਰੀਦੋਕਟ ਦੇ ਪ੍ਰਧਾਨ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਐਗਜ਼ੈਕਟਿਵ ਦੇ ਮੈਂਬਰ ਵੀ ਰਹੇ। ਇਸ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਸ ਦੀ ਐਗਜ਼ੈਕਟਿਵ ਕਮੇਟੀ ਦੇ ਮੈਂਬਰ ਵੀ ਰਹੇ। ਉਹ ਪੰਜਾਬ ਰਾਜ ਖਾਦੀ ਅਤੇ ਗ੍ਰਾਮ ਉਦਯੋਗ ਬੋਰਡ ਦੇ ਮੈਂਬਰ ਅਤੇ ਪ੍ਰਾਇਮਰੀ ਕੋਆਪ੍ਰੇਟਿਵ ਲੈਂਡ ਮਾਰਟਗੇਜ਼ ਬੈਂਕ, ਬਠਿੰਡਾ ਦੇ ਪ੍ਰਧਾਨ ਵੀ ਰਹੇ। ਉਹ ਸਾਲ 1970 ਤੋਂ 1972 ਤੱਕ ਪੰਜਾਬ ਰਾਜ ਖੇਤੀਬਾੜੀ ਮੰਡੀਕਰਨ ਬੋਰਡ ਦੇ ਸਭਾਪਤੀ ਵੀ ਰਹੇ।

ਸ਼੍ਰੀ ਗੁਰਮੇਜ ਸਿੰਘ, ਸ਼੍ਰੀ ਕੁਲਵੰਤ ਸਿੰਘ, ਸ਼੍ਰੀ ਈਸ਼ਰ ਸਿੰਘ, ਸ਼੍ਰੀ ਉਜਾਗਰ ਸਿੰਘ, ਸ਼੍ਰੀ ਜੰਗੀਰ ਸਿੰਘ ਅਤੇ ਸ਼੍ਰੀ ਸੰਤਾ ਸਿੰਘ, ਸਾਰੇ ਸੁਤੰਤਰਤਾ ਸੰਗਰਾਮੀ ਵੀ ਪਿਛਲੇ ਦਿਨਾਂ ਵਿੱਚ ਸਾਨੂੰ ਸਭਨਾਂ ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਇਨ੍ਹਾਂ ਸਾਰੇ ਸੁਤੰਤਰਤਾ ਸੰਗਰਾਮੀਆਂ ਨੇ ਆਪਣੀ ਲਗਨ, ਮਿਹਨਤ ਅਤੇ ਕੁਰਬਾਨੀ ਸਦਕਾ ਹਿੰਦੁਸਤਾਨ ਨੂੰ ਅਜ਼ਾਦ ਕਰਵਾਉਣ ਵਿੱਚ ਆਪਣਾ-ਆਪਣਾ ਵਡਮੁੱਲਾ ਯੋਗਦਾਨ ਪਾਇਆ। ਅੱਜ ਅਸੀਂ ਉਨ੍ਹਾਂ ਦੀਆਂ ਕੁਰਬਾਨੀਆਂ ਸਦਕਾ ਮਿਲੀ ਅਜ਼ਾਦੀ ਦਾ ਨਿੱਘ ਮਾਣ ਰਹੇ ਹਾਂ

[ ਮਾਨਯੋਗ ਸਪੀਕਰ ]

ਅਤੇ ਉਨ੍ਹਾਂ ਨੂੰ ਕਦੇ ਵੀ ਭੁਲਾ ਨਹੀਂ ਸਕਦੇ।

ਜਥੇਦਾਰ ਲਖਵੀਰ ਸਿੰਘ ਵੀ ਸਾਨੂੰ ਮਿਤੀ 15 ਜੁਲਾਈ, 2019 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 22 ਜੁਲਾਈ, 1955 ਨੂੰ ਪਿੰਡ ਭਾਗਸਰ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਹੋਇਆ। ਉਹ ਮੌਜੂਦਾ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਨ। ਇਸ ਤੋਂ ਪਹਿਲਾਂ ਉਹ ਪਲੈਨਿੰਗ ਬੋਰਡ, ਜ਼ਿਲ੍ਹਾ ਫਰੀਦਕੋਟ ਦੇ ਚੇਅਰਮੈਨ ਵੀ ਰਹੇ।

ਇਨ੍ਹਾਂ ਤੋਂ ਇਲਾਵਾ ਸ੍ਰੀ ਅਨੰਦਪੁਰ ਸਾਹਿਬ ਦੇ ਕਿਲ੍ਹਾ ਸ੍ਰੀ ਅਨੰਦਗੜ੍ਹ ਸਾਹਿਬ ਦੀ ਇੱਕ ਉੱਘੀ ਧਾਰਮਿਕ ਸ਼ਖਸੀਅਤ ਅਤੇ ਸਮਾਜ ਸੇਵਕ ਬਾਬਾ ਲਾਭ ਸਿੰਘ ਜੀ ਵੀ ਮਿਤੀ 28 ਜੁਲਾਈ, 2019 ਨੂੰ ਸਾਨੂੰ ਸਦੀਵੀ ਵਿਛੋੜਾ ਦੇ ਗਏ ਹਨ। ਬਾਬਾ ਜੀ ਨੂੰ 'ਪੁਲਾਂ ਵਾਲਾ ਬਾਬਾ' ਦੇ ਨਾਮ ਨਾਲ ਜਾਣਿਆ ਜਾਂਦਾ ਸੀ, ਜਿਨ੍ਹਾਂ ਨੇ ਵੱਖ-ਵੱਖ ਥਾਵਾਂ ਤੇ ਪੁਲ ਬਣਵਾਏ ਅਤੇ ਉਨ੍ਹਾਂ ਨੇ ਦਰਿਆ ਸਤਲੁਜ ਦੇ ਤਕਰੀਬਨ ਨੌਂ ਪੁਲਾਂ ਦੀ ਕਾਰ ਸੇਵਾ ਨਾਲ ਨਿਰਮਾਣ ਕਰਵਾਇਆ । ਉਨ੍ਹਾਂ ਨੇ ਹੋਰ ਬਹੁਤ ਸਾਰੇ ਸਮਾਜ ਭਲਾਈ ਦੇ ਕੰਮ ਕੀਤੇ। ਜੇਕਰ ਸਦਨ ਦੀ ਸਹਿਮਤੀ ਹੋਵੇ ਤਾਂ ਇਨ੍ਹਾਂ ਦਾ ਨਾਂ ਵੀ ਅੱਜ ਦੀ ਲਿਸਟ ਵਿੱਚ ਸ਼ਾਮਲ ਕਰ ਲਿਆ ਜਾਵੇ?

(**ਅਵਾਜ਼ਾਂ** : ਹਾਂ ਜੀ, ਹਾਂ ਜੀ।)

(ਇਸ ਸਮੇਂ ਆਮ ਆਦਮੀ ਪਾਰਟੀ ਦੇ ਮੈਂਬਰ, ਸ੍ਰੀ ਅਮਨ ਅਰੋੜਾ, ਸ਼੍ਰੋਮਣੀ ਅਕਾਲੀ ਦਲ ਦੇ ਮੈਂਬਰ, ਸਰਦਾਰ ਪਰਮਿੰਦਰ ਸਿੰਘ ਢੀਂਡਸਾ ਅਤੇ ਲੋਕ ਇਨਸਾਫ ਪਾਰਟੀ ਦੇ ਮੈਂਬਰ, ਸਰਦਾਰ ਸਿਮਰਜੀਤ ਸਿੰਘ ਬੈਂਸ ਆਪਣੀਆਂ-ਆਪਣੀਆਂ ਸੀਟਾਂ ਤੇ ਬੋਲਣ ਲਈ ਖੜ੍ਹੇ ਸਨ।)

**ਮਾਨਯੋਗ ਸਪੀਕਰ :** ਇਕ ਮਿੰਟ ਜੀ। ਇਨ੍ਹਾਂ ਸਭਨਾਂ ਦੇ ਚਲੇ ਜਾਣ ਨਾਲ ਦੇਸ਼, ਰਾਜ ਅਤੇ ਸਾਨੂੰ ਨਾ ਪੂਰਿਆ ਜਾਣ ਵਾਲਾ ਵੱਡਾ ਘਾਟਾ ਪਿਆ ਹੈ ਅਤੇ ਅਸੀਂ ਉਨ੍ਹਾਂ ਦੀਆਂ ਵਡਮੁੱਲੀਆਂ ਸੇਵਾਵਾਂ ਤੋਂ ਵਾਂਝੇ ਹੋ ਗਏ ਹਾਂ। ਸਾਨੂੰ ਯਤਨ ਕਰਨਾ ਚਾਹੀਦਾ ਹੈ ਕਿ ਅਸੀਂ ਇਨ੍ਹਾਂ ਵਿਛੜੀਆਂ ਸ਼ਖਸੀਅਤਾਂ ਦੇ ਪਦ ਚਿੰਨ੍ਹਾਂ ਤੇ ਚਲਦੇ ਹੋਏ ਲੋਕਾਂ ਦੀ ਸੇਵਾ ਵਿਚ ਹਾਜ਼ਰ ਰਹੀਏ। ਇਹੀ ਉਨ੍ਹਾਂ ਪ੍ਰਤੀ ਸੱਚੀ ਸ਼ਰਧਾਂਜਲੀ ਹੋਵੇਗੀ।

ਢੀਂਡਸਾ ਸਾਹਿਬ, ਹੁਣ ਦੱਸੋ ਜੀ। ਵਾਰੀ ਵਾਰੀ ਦੱਸ ਦਿਓ।

**ਸਰਦਾਰ ਪਰਮਿੰਦਰ ਸਿੰਘ ਢੀਂਡਸਾ :** ਸਪੀਕਰ ਸਾਹਿਬ, ਤੁਹਾਨੂੰ ਜਾਣਕਾਰੀ ਹੋਵੇਗੀ ਕਿ ਸੁਨਾਮ ਵਿੱਚ ਇਕ ਘਟਨਾ ਹੋਈ ਸੀ ਜਿਸ ਵਿੱਚ ਫਤਹਿਵੀਰ ਸਿੰਘ ਦੀ ਬੋਰ ਵਿੱਚ ਗਿਰਨ ਕਰਕੇ, ** ** ਉਸ ਦਾ ਦਿਹਾਂਤ ਹੋ ਗਿਆ ਸੀ। ਉਨ੍ਹਾਂ ਦਾ ਨਾਂ ਵੀ ਇਸ ਵਿੱਚ ਸ਼ਾਮਲ ਕਰਕੇ ਉਨ੍ਹਾਂ ਦੇ ਪਰਿਵਾਰ ਨੂੰ ਸ਼ੋਕ ਮਤਾ ਭੇਜ ਦਿੱਤਾ ਜਾਵੇ।

---

** Expunged as ordered by the Hon'ble Speaker.

**ਸ਼੍ਰੀ ਅਮਨ ਅਰੋੜਾ :** ਸਰ, ਇਹ ਬਿਲਕੁਲ ਠੀਕ ਹੈ। ਮੈਂ, ਸਰਦਾਰ ਪਰਮਿੰਦਰ ਸਿੰਘ ਢੀਂਡਸਾ ਜੀ ਦੀ ਗੱਲ ਨਾਲ ਸਹਿਮਤ ਹਾਂ। ਮੇਰੇ ਖਿਆਲ ਵਿੱਚ ਸਦਨ ਨੂੰ ਦੋ ਸਾਲ ਦੇ ਛੋਟੇ ਬੱਚੇ ਫਤਹਿਵੀਰ ਸਿੰਘ ਨੂੰ ਸ਼ਰਧਾਂਜਲੀ ਦੇਣੀ ਚਾਹੀਦੀ ਹੈ ਕਿਉਂਕਿ ਛੇ ਦਿਨਾਂ ਦੀਆਂ ਕੋਸ਼ਿਸ਼ਾਂ ਦੇ ਬਾਵਜੂਦ ਵੀ ਉਹ ਬਚਿਆ ਨਹੀਂ ਲੇਕਿਨ ਇਹ ਠੀਕ ਹੈ, ਸਰਕਾਰ ਦਾ ਧੰਨਵਾਦ ਹੈ ਕਿ ਸੁਨਾਮ ਤੋਂ ਲੌਂਗੋਵਾਲ ਤੱਕ ਦੀ ਰੋਡ ਉਸ ਵਿਚਾਰੇ ਬੱਚੇ ਦੇ ਨਾਮ ਤੇ ਕਰ ਦਿੱਤੀ ਗਈ ਹੈ ਪਰ ਬੇਨਤੀ ਹੈ ਕਿ ਇਸ ਸਬੰਧ ਵਿੱਚ ਕੋਈ ਪੁਖਤਾ ਇੰਤਜ਼ਾਮ ਕੀਤੇ ਜਾਣ ਤਾਂ ਕਿ ਇਹੋ ਜਿਹੀਆਂ ਘਟਨਾਵਾਂ ਅੱਗੇ ਤੋਂ ਨਾ ਵਾਪਰਨ, ਸਰਕਾਰ ਨੂੰ ਜ਼ਰੂਰ ਇਸ ਗੱਲ ਵੱਲ ਧਿਆਨ ਦੇਣਾ ਚਾਹੀਦਾ ਹੈ।

**ਮਾਨਯੋਗ ਸਪੀਕਰ:** ਹਾਂ ਜੀ, ਬੈਂਸ ਸਾਹਿਬ ਜੀ।

**ਸਰਦਾਰ ਸਿਮਰਜੀਤ ਸਿੰਘ ਬੈਂਸ:** ਸਪੀਕਰ ਸਾਹਿਬ, ਮੇਰੀ ਬੇਨਤੀ ਵੀ ਇਸ ਫਤਿਹਵੀਰ ਸਿੰਘ ਬਾਰੇ ਹੀ ਹੈ। ਉਸ ਦੀ ਬੜੀ ਦਰਦਨਾਕ ਮੌਤ ਹੋਈ ਅਤੇ ਉਹ ਵਿਚਾਰਾ ਛੇ ਦਿਨ ਤੱਕ ਬੋਰਵੈੱਲ ਵਿੱਚ ਫਸਿਆ ਰਿਹਾ। ਅੱਜ ਦੀ ਇਸ ਲਿਸਟ ਵਿੱਚ ਉਸ ਦਾ ਨਾਮ ਜ਼ਰੂਰ ਸ਼ਾਮਲ ਕਰ ਲਿਆ ਜਾਵੇ।

**ਸਰਦਾਰ ਕੁਲਤਾਰ ਸਿੰਘ ਸੰਧਵਾਂ:** ਮਾਨਯੋਗ ਸਪੀਕਰ ਸਾਹਿਬ, ਇੱਕ ਵਾਰ ਸਾਲ 2019 ਤੋਂ ਹੁਣ ਤੱਕ ਦੀਆਂ ਜਿਹੜੀਆਂ ਅਖਬਾਰਾਂ ਵਿੱਚ ਰਿਪੋਰਟਾਂ ਹਨ, ਜੋ ਅਸੀਂ ਡਾਟਾ ਇਕੱਠਾ ਕਰ ਸਕੇ ਹਾਂ, ਕਿਸਾਨ ਜੋ ਕਿ ਆਪ ਸੱਪਾਂ ਦੀਆਂ ਸਿਰੀਆਂ ਮਿੱਧ ਕੇ ਸਾਡਾ ਢਿੱਡ ਭਰਦੇ ਹਨ, ਸਾਡੇ ਦੇਸ਼ ਨੂੰ ਅੰਨ ਦਿੰਦੇ ਹਨ, ਉਨ੍ਹਾਂ ਨੇ ਖੁਦਕੁਸ਼ੀਆਂ ਕੀਤੀਆਂ ਹਨ । ਮੇਰਾ ਖਿਆਲ ਹੈ ਕਿ ਸਰਕਾਰ ਨੇ ਜਿੰਨੇ ਕੁ ਯਤਨ ਕੀਤੇ ਹਨ, ਉਹ ਨਾਕਾਫ਼ੀ ਹੋਏ ਹਨ।

**ਮਾਨਯੋਗ ਸਪੀਕਰ:** ਇਹ ਸਰਕਾਰਾਂ ਵਾਲੀ ਗੱਲ ਤਾਂ ਇੱਥੇ ਦੋ ਦਿਨ ਚੱਲਣੀ ਹੈ।

**ਸਰਦਾਰ ਕੁਲਤਾਰ ਸਿੰਘ ਸੰਧਵਾਂ:** ਸਪੀਕਰ ਸਾਹਿਬ, ਮੇਰੇ ਕੋਲ ਸਾਰੇ ਕਿਸਾਨਾਂ ਦੀ ਲਿਸਟ ਹੈ। ਜੇਕਰ ਆਗਿਆ ਹੋਵੇ ਤਾਂ ਇਨ੍ਹਾਂ ਨੂੰ ਵੀ ਸਰਧਾਂਜਲੀ ਦਿੱਤੀ ਜਾਵੇ।

**ਸ਼੍ਰੀ ਗੁਰਮੀਤ ਸਿੰਘ ਮੀਤ ਹੇਹਰ :** ਸਪੀਕਰ ਸਾਹਿਬ,...

**ਮਾਨਯੋਗ ਸਪੀਕਰ:** ਮੀਤ ਜੀ, ਤੁਸੀਂ ਦੱਸੋ ਕਿ ਕੀ ਕਹਿਣਾ ਹੈ?

**ਸ਼੍ਰੀ ਗੁਰਮੀਤ ਸਿੰਘ ਮੀਤ ਹੇਹਰ:** ਸਪੀਕਰ ਸਾਹਿਬ, ਮੇਰੇ ਹਲਕੇ ਵਿੱਚ ਇੱਕ ਆਸ਼ੂ ਨਾਮ ਦਾ ਵਿਅਕਤੀ ਜੋ ਕਿ ਸੀਵਰੇਜ ਦੀ ਸਫਾਈ ਕਰ ਰਿਹਾ ਸੀ, ਉਸ ਦੀ ਮੌਤ ਹੋ ਗਈ ਸੀ। ਸਪੀਕਰ ਸਾਹਿਬ, ਮੇਰੇ ਹਲਕੇ ਵਿੱਚ ਦੋ ਮੁਕਤਸਰ ਅਤੇ ਇੱਕ ਲੁਧਿਆਣਾ, ਗੱਲ ਤਾਂ according to Law, ਹਿਊਮਨ ਵਾਇਲੇਸ਼ਨ ਹੈ ਪਰ ਫਿਰ ਵੀ ਸੇਵਾ ਕਰਦੇ....

**ਮਾਨਯੋਗ ਸਪੀਕਰ:** ਜੇਕਰ ਸਦਨ ਦੀ ਸਹਿਮਤੀ ਹੋਵੇ ਤਾਂ ਫਤਹਿਵੀਰ ਸਿੰਘ ਦਾ ਨਾਮ ਲਿਸਟ ਵਿੱਚ ਸ਼ਾਮਲ ਕਰ ਲਿਆ ਜਾਵੇ?

(**ਅਵਾਜ਼ਾਂ:** ਹਾਂ ਜੀ, ਹਾਂ ਜੀ।)

ਅਸੀਂ ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਉਹ ਇਨ੍ਹਾਂ ਵਿਛੜੀਆਂ ਸ਼ਖ਼ਸੀਅਤਾਂ ਦੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ। ਉਨ੍ਹਾਂ ਦੇ ਪਰਿਵਾਰਾਂ ਨੂੰ ਚੜ੍ਹਦੀਕਲਾ ਵਿੱਚ ਰੱਖਣ ਅਤੇ ਭਾਣਾ ਮੰਨਣ ਦਾ ਬਲ ਬਖ਼ਸ਼ਣ। ਇਸ ਲਿਸਟ ਵਿੱਚ ਫਤਹਿਵੀਰ ਜੀ ਦਾ ਨਾਮ ਸ਼ਾਮਲ ਕੀਤਾ ਜਾਂਦਾ ਹੈ। ਹਾਂ ਜੀ, ਚੀਮਾ ਸਾਹਿਬ, ਤੁਸੀਂ ਦੱਸੋ।

**ਸਰਦਾਰ ਹਰਪਾਲ ਸਿੰਘ ਚੀਮਾ:** ਸਪੀਕਰ ਸਾਹਿਬ, ਪਿੰਡ ਚੱਕ ਭਾਈਕੇ, ਹਲਕਾ ਬੁਢਲਾਢਾ ਦਾ ਇੱਕ ਨੌਜਵਾਨ ਮੁੰਡਾ ਜਗਸੀਰ ਸਿੰਘ ਜੋ ਕਿ 60% ਹੈਂਡੀਕੈਪਡ ਵੀ ਸੀ, ਉਹ ਦਲਿਤ ਪਰਿਵਾਰ ਨਾਲ ਸਬੰਧ ਰੱਖਦਾ ਸੀ, ਉਹ 21 ਤਾਰੀਖ ਨੂੰ ਖੁਦਕੁਸ਼ੀ ਕਰ ਗਿਆ ਹੈ, ਉਹ ਯੂ.ਜੀ.ਸੀ. ਨੈੱਟ ਪਾਸ ਸੀ, ਟੈੱਟ ਪਾਸ ਸੀ, ਐਮ.ਏ.,ਬੀ.ਐੱਡ.ਪਾਸ ਸੀ, ਉਹ ਬੇਰੁਜ਼ਗਾਰੀ ਤੋਂ ਤੰਗ ਆ ਕੇ ਖੁਦਕੁਸ਼ੀ ਕਰ ਗਿਆ ਹੈ। ਮੈਂ ਚਾਹੁੰਦਾ ਹਾਂ ਕਿ ਇਸ ਲਿਸਟ ਵਿੱਚ ਉਸ ਦਾ ਨਾਮ ਵੀ ਸ਼ਾਮਲ ਕਰ ਲਵੋ।

**Mr. Speaker:** Not allowed, not allowed. ਜੇਕਰ ਸਦਨ ਦੀ ਸਹਿਮਤੀ ਹੋਵੇ ਤਾਂ ਸ਼ੋਕ ਪ੍ਰਸਤਾਵ ਸਾਰੀਆਂ ਵਿਛੜੀਆਂ ਸ਼ਖ਼ਸੀਅਤਾਂ ਦੇ ਪਰਿਵਾਰਾਂ ਨੂੰ ਭੇਜ ਦਿੱਤੇ ਜਾਣਗੇ।

ਹੁਣ, ਮੈਂ ਸਮੂਹ ਮੈਂਬਰ ਸਾਹਿਬਾਨ ਨੂੰ ਬੇਨਤੀ ਕਰਦਾ ਹਾਂ ਕਿ ਇਨ੍ਹਾਂ ਵਿਛੜੀਆਂ ਰੂਹਾਂ ਦੀ ਯਾਦ ਵਿੱਚ ਦੋ ਮਿੰਟ ਮੌਨ ਧਾਰਨ ਕਰਨ ਲਈ ਖੜ੍ਹੇ ਹੋਈਏ।

(ਇਸ ਸਮੇਂ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਸਾਹਿਬਾਨ ਵੱਲੋਂ ਵਿਛੜੀਆਂ ਰੂਹਾਂ ਦੀ ਸ਼ਾਂਤੀ ਲਈ ਖੜ੍ਹੇ ਹੋ ਕੇ ਦੋ ਮਿੰਟ ਲਈ ਮੌਨ ਧਾਰਨ ਕੀਤਾ ਗਿਆ।)

**ਮਾਨਯੋਗ ਸਪੀਕਰ :** ਹੁਣ ਸਦਨ, ਸੋਮਵਾਰ, ਮਿਤੀ 5 ਅਗਸਤ, 2019 ਦੇ 11.00 ਵਜੇ ਪੂਰਵ ਦੁਪਹਿਰ ਤੱਕ ਸਥੱਗਿਤ ਹੁੰਦਾ ਹੈ।

*2.14 ਵਜੇ ਬਾਅਦ ਦੁਪਹਿਰ) (*ਇਸ ਉਪਰੰਤ ਸਦਨ, ਸੋਮਵਾਰ, ਮਿਤੀ 5 ਅਗਸਤ, 2019 ਦੇ 11.00 ਵਜੇ ਪੂਰਵ ਦੁਪਹਿਰ ਤੱਕ ਸਥੱਗਿਤ ਹੋ ਗਿਆ।)

----

© 2019

g|ikp ftXkB ;Gk ;e?so|s d| nfXeko j|m g|ekfôs ns|
e|No|bo, SgkJh ns| fbyD ;wZroh, g|ikp, u|vh r V| okj]
;oekoh g|;, n|;aJan|;a Bro (w|jkbh) fty| NkJhg;N eotke|
Skgh r Jh.

10071/10-2019/ਪੰਜਾਬ ਸਰਕਾਰ ਪ੍ਰੈਸ, ਐਸ.ਏ.ਐਸ.ਨਗਰ